# ਪੰਜਾਬ ਐਜੂਸੈਟ ਸੁਸਾਇਟੀ

**ਐਸ.ਸੀ.ਓ.104-106,ਦੂਜੀ ਮੰਜ਼ਿਲ, ਸੈਕਟਰ-34ਏ, ਚੰਡੀਗੜ੍ਹ,**

ਫੋਨ ਨੰ: 0172-2623207, 2621104, 2621106, ਫੈਕਸ: 2624687 **ਈ-ਮੇਲ** eudsat.punjab@gmail.com

ਸੇਵਾ ਵਿਖੇ

1.0 ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ ।

2.0 ਸਬੰਧਤ ਸਕੂਲ ਮੁੱਖੀ, ਵਿਸ਼ਾ ਅਧਿਆਪਕ ਅਤੇ ਵਿਦਿਆਰਥੀ (ਵੈਬਸਾਈਟ ਰਾਹੀਂ)

**ਮੀਮੋ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3514**
**ਮਿਤੀ, ਚੰਡੀਗੜ੍ਹ: 26.11.2012**

**ਵਿਸ਼ਾ: ਐਜੂਸੈਟ ਟਾਈਮ ਸ਼ਡਿਊਲ (ਦਸੰਬਰ, 2012)**

1.0 ਦਸੰਬਰ 2012 ਦੀ ਐਜੂਸੈਟ ਸ਼ਡਿਊਲ ਜਿਸ ਵਿੱਚ 8ਵੀਂ ਤੋਂ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀਆਂ ਨੂੰ ਹਦਾਇਤਾ ਜਾਰੀ ਕਰ ਦਿੱਤੀਆਂ ਜਾਣ ਕਿ ਉਹ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿਦਿਆਰਥੀ ਐਜੂਸੈਂਟ ਰੂਮ ਵਿੱਚ ਹਾਜ਼ਰ ਰਹਿ ਕਿ ਨਸ਼ਰ ਕੀਤੇ ਪ੍ਰੋਗਰਾਮਾ ਵਿੱਚ ਭਾਗ ਲੈਣ।ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਟਾਪਿਕ ਨੂੰ ਪੂਰਾ ਕਰੇਗਾ। ਐਜੂਸੈਟ ਲਾਈਬਰੇਰੀ ਦੀ ਵਰਤੋਂ ਪੀਰੀਅਡ ਐਡਜਸਟਮੈਂਟ ਲਈ ਜਰੂਰ ਕੀਤੀ ਜਾਵੇ।

2.0 ਐਜੂਸੈਟ ਰੂਮ ਅਤੇ ਐਜੂਸੈਟ ਲਾਈਬਰੇਰੀ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਐਜੂਸੈਂਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋ ਟੈਲੀਫੂਨ ਰਾਹੀ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ, ਐਜੂਸੈਟ ਪ੍ਰੋਗਰਾਮਾ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ।

3.0 ਸਕੂਲ ਮੁੱਖੀ ਇਹ ਵੀ ਸੁਨਿਸ਼ਚਿੱਤ ਕਰੇਗਾ ਐਜੂਸੈਟ ਲਾਈਬਰੇਰੀ ਅਤੇ ਐਜੂਸੈਟ ਰੂਮ ਦੀ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਜਾਰੀ ਹਦਾਇਤਾ ਅਨੁਸਾਰ ਪੂਰੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਸਬੰਧਤ ਇੰਚਾਰਜਾਂ ਦੁਆਰਾ ਇਹਨਾਂ ਦੀ ਸਫਾਈ, ਰੱਖ ਰੱਖਾਵ ਅਤੇ ਚੋਰੀ ਤੋਂ ਬਚਾਉਣ ਲਈ ਪੂਰਾ ਖਿਆਲ ਰੱਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਕਮਰੇ ਦੇ ਬਾਹਰ ਲਿਖਿਆ ਜਾਵੇ ਕਿ ਇਹ "ਐਜੂਸੈਟ ਰੂਮ"/"ਐਜੂਸੈਟ ਲਾਈਬਰੇਰੀ" ਹੈ ਤਾਂ ਜੋ ਸਬੰਧਤਾ ਨੂੰ ਇਸ ਬਾਰੇ ਜਾਣਕਾਰੀ ਰਹੇ।

4.0 ਆਈ.ਸੀ.ਟੀ ਕੰਪਿਊਟਰ ਲੈਬਜ਼ ਅਤੇ ਕੈਲ ਅਧੀਨ ਆਈ.ਸੀ.ਟੀ ਵੱਲੋਂ ਸਪਲਾਈ ਕੀਤੇ ਉਪਕਰਣ ਕੇ-ਯਾਨ, ਐਲ.ਸੀ.ਡੀ. ਅਤੇ ਪ੍ਰਜੈਕਟਰ ਉੱਪਰ ਆਈ.ਸੀ.ਟੀ ਦਾ ਸਟਿੱਕਰ ਲਗਾ ਕੇ ਰੱਖੋ ਤਾਂ ਜੋ ਇਸੰਪੈਕਸ਼ਨ ਟੀਮਾਂ ਨੂੰ ਅਤੇ ਹੋਰ ਸਬੰਧਤਾਂ ਨੂੰ ਜਾਣਕਾਰੀ ਰਹੇ।

**ਸਕੱਤਰ-ਕਮ-ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**

**ਪਿੱਠ ਅੰਕਣ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3515** **ਮਿਤੀ,ਚੰਡੀਗੜ੍ਹ: 26.11.2012**

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ, ਨਾਭਾ ਅਤੇ ਜਲੰਧਰ
2. ਡੀ.ਪੀ.ਆਈ. (ਸੈ.ਸਿ.) ਪੰਜਾਬ, ਚੰਡੀਗੜ੍ਹ
3. ਸਬੰਧਤ ਵਿਸ਼ਾ ਮਾਹਿਰ, ਐਜੂਸੈਟ ।

**ਸਕੱਤਰ-ਕਮ-ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**

**ਪਿੱਠ ਅੰਕਣ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3516** **ਮਿਤੀ,ਚੰਡੀਗੜ੍ਹ: 26.11.2012**

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੇਬਸਾਈਟ ਤੇ ਪਾਉਣ ਹਿੱਤ।

**ਸਕੱਤਰ-ਕਮ-ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**